# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ੀਕ  ਖਬਰਾਂ

## 13:10

**ਮਿਤੀ :29-09-2026**

ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਮੋਹਾਲੀ ਦੇ ਸੈਕਟਰ-119 ਸਥਿਤ ਟੀ.ਡੀ.ਆਈ. ਇਨਫਰਾਟੈਕ ਦੇ ਦਫ਼ਤਰ ਵਿੱਚ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਏ। ਇਸ ਤੋਂ ਪਹਿਲਾਂ ਈ.ਡੀ. ਵੱਲੋਂ gmada ਦਫ਼ਤਰ ਮੋਹਾਲੀ ਵਿੱਚ ਤਿੰਨ ਦਿਨ ਤੱਕ ਛਾਪੇਮਾਰੀ ਕੀਤੀ ਗਈ ਸੀ। ਹਲਕਿਆਂ  ਅਨੁਸਾਰ ਇਹ ਕਾਰਵਾਈ ਕੱਲ੍ਹ ਤੋਂ ਜਾਰੀ ਏ ਤੇ ਕਰੀਬ 15 ਅਧਿਕਾਰੀ ਮੌਕੇ ’ਤੇ ਮੌਜੂਦ ਨੇ। ਛਾਪੇਮਾਰੀ ਦੌਰਾਨ ਟੀ.ਡੀ.ਆਈ. ਇਨਫਰਾਟੈਕ ਦੇ ਉਪ ਪ੍ਰਧਾਨ ਰੋਹਿਤ ਗੋਗੀਆ ਵੀ ਦਫ਼ਤਰ ਵਿੱਚ ਮੌਜੂਦ ਰਹੇ। ਹਲਕਿਆਂ  ਮੁਤਾਬਕ ਅਧਿਕਾਰੀਆਂ ਨੇ ਦਫ਼ਤਰ ਦੇ ਸੀ.ਸੀ.ਟੀ.ਵੀ. ਕੈਮਰਿਆਂ ਦੀਆਂ ਰਿਕਾਰਡਿੰਗਾਂ ਅਤੇ ਕਰਮਚਾਰੀਆਂ ਤੇ ਅਧਿਕਾਰੀਆਂ ਦੇ ਮੋਬਾਈਲ ਫੋਨ ਕਬਜ਼ੇ ਵਿੱਚ ਲਏ। ਈ.ਡੀ. ਦੀ ਇਹ ਕਾਰਵਾਈ ਪੀ.ਆਰ.-6 ਸੜਕ ਪ੍ਰਾਜੈਕਟ ਲਈ ਜ਼ਮੀਨ ਦੇ ਮੁਆਵਜ਼ੇ ਵਿੱਚ ਕਥਿਤ ਬੇਨੇਮੀਆਂ  ਨਾਲ ਸਬੰਧਤ ਦੱਸੀ ਜਾ ਰਹੀ ਏ। ਜਾਂਚ ਵਿੱਚ ਜ਼ਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਸ਼ੁਰੂ ਹੋਣ ਤੋਂ ਬਾਅਦ

ਰਿਸ਼ਤੇਦਾਰਾਂ ਦੇ ਨਾਂ ਜ਼ਮੀਨ ਤਬਦੀਲ ਕਰਕੇ ਕਰੀਬ 6 ਕਰੋੜ ਰੁਪਏ ਦੇ ਵਾਧੂ ਮੁਆਵਜ਼ੇ ਦਾ ਲਾਭ ਲੈਣ ਦੇ ਦੋਸ਼ਾਂ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ  ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਲੋਕ ਭਲਾਈ 'ਤੇ ਆਧਾਰਿਤ ਪੰਜਾਬ ਦੀ ਸਿਰਜਣਾ ਦੇ ਦ੍ਰਿੜ੍ਹ ਸੰਕਲਪ ਨਾਲ ਕੰਮ ਕਰ ਰਹੀ ਏ। ਕੱਲ ਮਹਾਨ ਸ਼ਹੀਦ ਦੇ ਜਨਮ ਦਿਹਾੜੇ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਵਿਖੇ 'ਜਸ਼ਨ-ਏ-ਇਨਕਲਾਬ' ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸ਼ਹੀਦ ਭਗਤ ਸਿੰਘ ਦੇ ਸਤਿਕਾਰ ਵਿੱਚ ਵੱਡੇ ਕਦਮ ਚੁੱਕੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਸਿੱਖਿਆ, ਭਲਾਈ ਅਤੇ ਇਸ ਦੇ ਪਾਣੀਆਂ ਦੇ ਸਰੋਤਾਂ ਦੀ ਰਾਖੀ ਉਸ ਸੰਕਲਪ ਦਾ ਕੇਂਦਰ ਬਿੰਦੂ ਨੇ,  ਜਿਸ ਲਈ ਸ਼ਹੀਦਾਂ ਨੇ ਲਾਮਿਸਾਲ ਕੁਰਬਾਨੀਆਂ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਪੰਜਾਬ ਦੇ ਲੋਕਾਂ ਲਈ ਸਮਰਪਿਤ ਰੱਖਣਗੇ ਅਤੇ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਜੋ ਵੀ ਕਰਨਾ ਪਵੇਗਾ, ਉਹ ਕਰਨਗੇ।

---------------------------------------------

ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਭਾਜਪਾ ਵੱਲੋਂ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਮੰਗਲਵਾਰ ਨੂੰ ਲੁਧਿਆਣਾ ਪੁੱਜੀ। ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਇਸ ਦਾ ਸਵਾਗਤ ਕੀਤਾ ਗਿਆ। ਲੁਧਿਆਣਾ ਵਿਖੇ ਸੰਸਦ ਮੈਂਬਰ  ਮਨੋਜ ਤਿਵਾੜੀ, ਰਵਨੀਤ ਸਿੰਘ ਬਿੱਟੂ ਅਤੇ ਹੋਰ ਭਾਜਪਾ ਆਗੂ ਸ਼ਾਮਲ ਹੋਏ। ਪਾਰਟੀ ਆਗੂਆਂ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਵਿੱਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਵਧਾਉਣ ਦਾ ਸੰਦੇਸ਼ ਦਿੱਤਾ ਗਿਆ । ਇਸ ਤੋਂ ਪਿਹਲਾਂ ਕੱਲ ਦੇਰ ਸ਼ਾਮ ਪਟਿਆਲਾ  ਪੁੱਜੀ ਯਾਤਰਾ ਦੀ ਅਗਵਾਈ ਭਾਜਪਾ ਦੇ ਸੰਸਦ ਮੈਂਬਰ  ਸੰਜੇ ਭਾਟੀਆ ਵਲੋਂ ਕੀਤੀ ਗਈ । ਸਾਬਕਾ ਕੇਂਦਰੀ ਮੰਤਰੀ ਪਰਨੀਤ ਕੋਰ ਤੇ ਭਾਜਪਾ ਮਹਿਲਾ ਪ੍ਰਧਾਨ ਜੈ ਇੰਦਰ ਕੋਰ ਨੇ ਸਾਥੀਆਂ ਨਾਲ ਯਾਤਰਾ ਦਾ ਸਵਾਗਤ ਕੀਤਾ। ਇਸ ਮੌਕੇ ਪਰਨੀਤ ਕੋਰ ਤੇ ਜੈ ਇੰਦਰ ਕੋਰ ਨੇ ਕਿਹਾ ਕਿ ਇਹ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਸਾਡੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢਣ ਦਾ ਇਕ ਮਜ਼ਬੂਤ ਅਹਿਦ ਏ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਮੋਗਾ ਦੇ ਪੁਲਿਸ ਸਟੇਸ਼ਨ ਕੋਟ ਈਸੇ ਖਾਂ ਵਿਖੇ ਸਟੇਸ਼ਨ ਹਾਊਸ ਅਫਸਰ ਇੰਸਪੈਕਟਰ ਸੁਨੀਤਾ ਬਾਵਾ ਅਤੇ ਪੰਜਾਬ ਹੋਮ ਗਾਰਡ ਗੁਰ ਅਵਤਾਰ ਸਿੰਘ ਨੂੰ 50 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ।
ਅਗਲੇਰੀ ਕਾਰਵਾਈ ਜਾਰੀ ਏ।

---

ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦਾਸਪੁਰ ਵਿਖੇ ਵਿਸ਼ੇਸ਼ ਡਰੋਨ ਸ਼ੋਅ ਕਰਵਾਇਆ ਗਿਆ। ਅਸਮਾਨ ਵਿੱਚ ਰੌਸ਼ਨੀਆਂ ਨਾਲ ਬਣਾਏ ਗਏ ਵੱਖ-ਵੱਖ ਆਕਰਸ਼ਕ ਦ੍ਰਿਸ਼ਾਂ ਨੇ ਮੌਜੂਦ ਸੰਗਤਾਂ ਅਤੇ ਲੋਕਾਂ ਦਾ ਮਨ ਮੋਹ ਲਿਆ। ਸ਼ਾਨਦਾਰ ਡਰੋਨ ਸ਼ੋਅ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਪਹੁੰਚੇ ਲੋਕ ਵੱਲੋਂ ਇਸ ਉਪਰਾਲੇ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ । ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿੱਤਿਆ ਉੱਪਲ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਮਨੁੱਖਤਾ, ਬਰਾਬਰੀ, ਭਾਈਚਾਰੇ ਅਤੇ ਸਮਾਜਿਕ ਏਕਤਾ ਦਾ ਸੰਦੇਸ਼ ਦਿੰਦੀਆਂ ਨੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਲੜੀ ਨੂੰ

ਅੱਗੇ ਵੀ ਜਾਰੀ ਰੱਖਿਆ ਜਾਵੇਗਾ ਤੇ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਡਰੋਨ ਸ਼ੋਅ ਕਰਵਾਏ ਜਾਣਗੇ ।

--------------------------------------------------------------

ਜਲੰਧਰ ਵਿਖੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਤੇ ਹੋਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੋਰਾਨ ਡਰੇਨਾ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਣ ’ਤੇ ਜ਼ੋਰ ਦਿੱਤਾ । ਉਨ੍ਹਾਂ ਕਿਹਾ ਕਿ ਕੁਦਰਤੀ ਸਰੋਤਾਂ ਨਾਲ ਖਿਲਵਾੜ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਜੇਕਰ ਕੋਈ ਅਜਿਹਾ ਕਰਦਾ ਪਾਇਆ ਗਿਆ ਤਾਂ ਉਸ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਡਰੇਨਾਂ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਚੁਗਿਰਦਾ ਨੇਮਾਂ ਅਨੁਸਾਰ ਕੰਮ ਕੀਤਾ ਜਾਵੇ । ਸੰਤ ਸੀਚੇਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਚਿੱਟੀ ਵੇਈਂ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਫਰਵਰੀ 2008 ਵਿੱਚ ਸੰਘਰਸ਼ ਸ਼ੁਰੂ ਕੀਤਾ ਗਿਆ ਸੀ । ਉਸ ਸਮੇਂ ਪਹਿਲੀ ਵਾਰ ਕਾਲਾ ਸੰਘਿਆ ਡਰੇਨ ਦੇ ਜ਼ਹਿਰੀਲੇ ਪਾਣੀ ਨੂੰ ਚਿੱਟੀ ਵੇਈਂ ਵਿੱਚ ਪੈਣ ਤੋਂ ਰੋਕਣ ਲਈ ਬੰਨ੍ਹ ਲਗਾਇਆ ਗਿਆ ਸੀ । ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਅਧਿਕਾਰੀਆਂ ਨੇ ਮੀਟਿੰਗ ਦੌਰਾਨ ਦੱਸਿਆ ਕਿ

ਦੂਸ਼ਿਤ ਪਾਣੀ ਦੇ ਢੁੱਕਵੇਂ ਪ੍ਰਬੰਧ ਨਾ ਕੀਤੇ ਜਾਣ ’ਤੇ ਕਰੀਬ 83 ਲੱਖ ਰੁਪਏ ਦਾ ਚੁਗਿਰਦਾ ਜ਼ੁਰਮਾਨਾ ਹਰਜਾਨਾ ਲਗਾਇਆ ਜਾ ਚੁੱਕਾ ਏ।

---------------------------------------------------------------

ਏਸ਼ੀਆਈ ਖੇਡਾਂ ਵਿੱਚ ਨੀਰੂ ਢਾਂਡਾ ਨੇ ਮਹਿਲਾਵਾਂ ਦੇ ਟ੍ਰੈਪ ਵਿਅਕਤੀਗਤ ਮੁਕਾਬਲੇ ਵਿੱਚ ਸੋਨ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਏ। ਉਹ ਇਸ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਣ ਵਾਲੀ ਪਹਿਲੀ ਭਾਰਤੀ ਨਿਸ਼ਾਨੇਬਾਜ਼ ਬਣ ਗਈ ਏ। ਇਸ ਤੋਂ ਪਹਿਲਾਂ ਨੀਰੂ ਨੇ ਆਸ਼ਿਮਾ ਅਹਲਾਵਤ ਅਤੇ ਮਨੀਸ਼ਾ ਕੀਰ ਨਾਲ ਮਿਲ ਕੇ ਮਹਿਲਾਵਾਂ ਦੇ ਟ੍ਰੈਪ ਟੀਮ ਮੁਕਾਬਲੇ ਵਿੱਚ ਭਾਰਤ ਨੂੰ ਚਾਂਦੀ ਦਾ ਤਮਗਾ ਦਿਵਾਇਆ। ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਸੋਨ ਤਮਗਾ ਜਿੱਤਣ ਤੇ ਨੀਰੂ ਢਾਂਡਾ ਨੂੰ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਭਰੋਸਾ ਪ੍ਰਗਟਾਇਆ ਕਿ ਇਹ ਸੁਨਹਿਰੀ ਪਲ ਹੋਰ ਨੌਜਵਾਨਾਂ ਨੂੰ ਨਿਸ਼ਾਨੇਬਾਜ਼ੀ ਨੂੰ ਅਪਣਾਉਣ ਤੇ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕਰੇਗਾ।

---------------------------------------------------------------